ਬਿਲਾਵਲੁ ਮਹਲਾ ੫ ॥ ਤਨੁ ਧਨੁ ਜੋਬਨੁ ਚਲਤ ਗਇਆ ॥ ਰਾਮ ਨਾਮ ਕਾ ਭਜਨੁ ਨ ਕੀਨੋ ਕਰਤ ਬਿਕਾਰ ਨਿਸਿ ਭੋਰੁ ਭਇਆ ॥੧॥ ਰਹਾਉ ॥ ਅਨਿਕ ਪ੍ਰਕਾਰ ਭੋਜਨ ਨਿਤ ਖਾਤੇ ਮੁਖ ਦੰਤਾ ਘਸਿ ਖੀਨ ਖਇਆ ॥ ਮੇਰੀ ਮੇਰੀ ਕਰਿ ਕਰਿ ਮੂਠਉ ਪਾਪ ਕਰਤ ਨਹ ਪਰੀ ਦਇਆ ॥੧॥ ਮਹਾ ਬਿਕਾਰ ਘੋਰ ਦੁਖ ਸਾਗਰ ਤਿਸੁ ਮਹਿ ਪ੍ਰਾਣੀ ਗਲਤੁ ਪਇਆ ॥ ਸਰਨਿ ਪਰੇ ਨਾਨਕ ਸੁਆਮੀ ਕੀ ਬਾਹ ਪਕਰਿ ਪ੍ਰਭਿ ਕਾਢਿ ਲਇਆ ॥੨॥੨੪॥੧੧੦॥ {ਪੰਨਾ 826}

ਪਦਅਰਥ:- ਜੋਬਨੁ—ਜਵਾਨੀ। ਚਲਤ ਗਇਆ—ਸਹਜੇ ਸਹਜੇ ਸਾਥ ਛੱਡਦਾ ਜਾਂਦਾ ਹੈ। ਕਰਤ—ਕਰਦਿਆਂ। ਬਿਕਾਰ—ਮਾੜੇ ਕੰਮ। ਨਿਸਿ—ਰਾਤ (ਕਾਲੇ ਕੇਸਾਂ ਵਾਲੀ ਉਮਰ)। ਭੋਰੁ—(ਚਿੱਟਾ) ਦਿਨ (ਧੌਲਿਆਂ ਵਾਲੀ ਉਮਰ)।1। ਰਹਾਉ।

ਅਨਿਕ ਪ੍ਰਕਾਰ—ਕਈ ਕਿਸਮਾਂ ਦੇ। ਭੋਜਨ—ਖਾਣੇ। ਖਾਤੇ—ਖਾਂਦਿਆਂ। ਘਸਿ—ਘਸ ਕੇ। ਖੀਨ—ਕਮਜ਼ੋਰ। ਖਇਆ—ਨਾਸ ਹੋ ਜਾਂਦੇ ਹਨ। ਮੂਠਉ—ਠੱਗਿਆ ਜਾਂਦਾ ਹੈ।1।

ਘੋਰ ਦੁਖ—ਭਾਰੇ ਦੁੱਖ। ਸਾਗਰ—ਸਮੁੰਦਰ। ਤਿਸੁ ਮਹਿ—ਉਸ (ਸਾਗਰ) ਵਿਚ। ਗਲਤੁ ਪਇਆ—ਗ਼ਲਤਾਨ ਹੋਇਆ ਰਹਿੰਦਾ ਹੈ, ਡੁੱਬਿਆ ਰਹਿੰਦਾ ਹੈ। ਪਕਰਿ—ਫੜ ਕੇ। ਪ੍ਰਭਿ—ਪ੍ਰਭੂ ਨੇ।2।

ਅਰਥ:- (ਹੇ ਭਾਈ! ਮਨੁੱਖ ਦਾ ਇਹ) ਸਰੀਰ, ਧਨ, ਜਵਾਨੀ (ਹਰੇਕ ਹੀ) ਸਹਜੇ ਸਹਜੇ (ਮਨੁੱਖ ਦਾ) ਸਾਥ ਛੱਡਦਾ ਜਾਂਦਾ ਹੈ, (ਪਰ ਇਹਨਾਂ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ) ਪਰਮਾਤਮਾ ਦੇ ਨਾਮ ਦਾ ਭਜਨ ਨਹੀਂ ਕਰਦਾ, ਮਾੜੇ ਕੰਮ ਕਰਦਿਆਂ ਕਰਦਿਆਂ ਕਾਲੇ ਕੇਸਾਂ ਵਾਲੀ ਉਮਰ ਤੋਂ ਧੌਲਿਆਂ ਵਾਲੀ ਉਮਰ ਆ ਜਾਂਦੀ ਹੈ।1। ਰਹਾਉ।

ਹੇ ਭਾਈ! ਕਈ ਕਿਸਮਾਂ ਦੇ ਖਾਣੇ ਨਿੱਤ ਖਾਂਦਿਆਂ ਮੂੰਹ ਦੇ ਦੰਦ ਭੀ ਘਸ ਕੇ ਕਮਜ਼ੋਰ ਹੋ ਜਾਂਦੇ ਹਨ, ਤੇ ਆਖ਼ਰ ਡਿੱਗ ਪੈਂਦੇ ਹਨ। ਮਮਤਾ ਦੇ ਪੰਜੇ ਵਿਚ ਫਸ ਕੇ ਮਨੁੱਖ (ਆਤਮਕ ਜੀਵਨ ਦੀ ਰਾਸਿ ਪੂੰਜੀ) ਲੁਟਾ ਲੈਂਦਾ ਹੈ, ਮਾੜੇ ਕੰਮ ਕਰਦਿਆਂ ਇਸ ਦੇ ਅੰਦਰ ਦਇਆ-ਤਰਸ ਦਾ ਨਿਵਾਸ ਨਹੀਂ ਹੁੰਦਾ।1।

(ਹੇ ਭਾਈ! ਇਹ ਸੰਸਾਰ) ਵੱਡੇ ਵਿਕਾਰਾਂ ਅਤੇ ਭਾਰੇ ਦੁੱਖਾਂ ਦਾ ਸਮੁੰਦਰ ਹੈ (ਭਜਨ ਤੋਂ ਖੁੰਝਿਆ ਹੋਇਆ) ਮਨੁੱਖ ਇਸ (ਸਮੁੰਦਰ) ਵਿਚ ਡੁੱਬਿਆ ਰਹਿੰਦਾ ਹੈ। ਹੇ ਨਾਨਕ! ਜੇਹੜੇ ਮਨੁੱਖ ਮਾਲਕ-ਪ੍ਰਭੂ ਦੀ ਸਰਨ ਆ ਪਏ, ਉਹਨਾਂ ਨੂੰ ਪ੍ਰਭੂ ਨੇ ਬਾਂਹ ਫੜ ਕੇ (ਇਸ ਸਮੁੰਦਰ ਵਿਚੋਂ) ਕੱਢ ਲਿਆ, (ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ)।2। 24। 110।